ਬੈਰਾੜੀ ਮਹਲਾ ੪ ॥
bairaarree mehalaa 4 |
Bairaaree, Fourth Mehl:

ਹਰਿ ਜਨੁ ਰਾਮ ਨਾਮ ਗੁਨ ਗਾਵੈ ॥
har jan raam naam gun gaavai |
The Lord's humble servant sings the Glorious Praises of the Lord's Name.
ਹੇ ਭਾਈ! ਪਰਮਾਤਮਾ ਦਾ ਭਗਤ ਸਦਾ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ।

ਜੇ ਕੋਈ ਨਿੰਦ ਕਰੇ ਹਰਿ ਜਨ ਕੀ ਅਪੁਨਾ ਗੁਨੁ ਨ ਗਵਾਵੈ ॥੧॥ ਰਹਾਉ ॥
jae koee nindh karae har jan kee apunaa gun n gavaavai |1| rehaao |
Even if someone slanders the Lord's humble servant, he does not give up his own goodness. ||1||Pause||
ਜੇ ਕੋਈ ਮਨੁੱਖ ਉਸ ਭਗਤ ਦੀ ਨਿੰਦਾ (ਭੀ) ਕਰਦਾ ਹੈ ਤਾਂ ਉਹ ਭਗਤ ਆਪਣਾ ਸੁਭਾਉ ਨਹੀਂ ਤਿਆਗਦਾ ।੧।ਰਹਾਉ।

ਜੋ ਕਿਛੁ ਕਰੇ ਸੁ ਆਪੇ ਸੁਆਮੀ ਹਰਿ ਆਪੇ ਕਾਰ ਕਮਾਵੈ ॥
jo kish karae s aapae suaamee har aapae kaar kamaavai |
Whatever the Lord and Master does, He does by Himself; the Lord Himself does the deeds.
ਹੇ ਭਾਈ! ਜੋ ਕੁਝ ਕਰ ਰਿਹਾ ਹੈ ਮਾਲਕ-ਪ੍ਰਭੂ ਆਪ ਹੀ (ਜੀਵਾਂ ਵਿਚ ਬੈਠ ਕੇ) ਕਰ ਰਿਹਾ ਹੈ, ਉਹ ਆਪ ਹੀ ਹਰੇਕ ਕਾਰ ਕਰ ਰਿਹਾ ਹੈ ।

ਹਰਿ ਆਪੇ ਹੀ ਮਤਿ ਦੇਵੈ ਸੁਆਮੀ ਹਰਿ ਆਪੇ ਬੋਲਿ ਬੁਲਾਵੈ ॥੧॥
har aapae hee math dhaevai suaamee har aapae bol bulaavai |1|
The Lord and Master Himself imparts understanding; the Lord Himself inspires us to speak. ||1||
ਮਾਲਕ-ਪ੍ਰਭੂ ਆਪ ਹੀ (ਹਰੇਕ ਜੀਵ ਨੂੰ) ਮਤਿ ਦੇਂਦਾ ਹੈ, ਆਪ ਹੀ (ਹਰੇਕ ਵਿਚ ਬੈਠਾ) ਬੋਲ ਰਿਹਾ ਹੈ, ਆਪ ਹੀ (ਹਰੇਕ ਜੀਵ ਨੂੰ) ਬੋਲਣ ਦੀ ਪ੍ਰੇਰਨਾ ਕਰ ਰਿਹਾ ਹੈ ।੧।

ਹਰਿ ਆਪੇ ਪੰਚ ਤਤੁ ਬਿਸਥਾਰਾ ਵਿਚਿ ਧਾਤੂ ਪੰਚ ਆਪਿ ਪਾਵੈ ॥
har aapae panch thath bisathaaraa vich dhaathoo panch aap paavai |
The Lord Himself directs the evolution of the world of the five elements; He Himself infuses the five senses into it.
ਹੇ ਭਾਈ! (ਭਗਤ ਜਾਣਦਾ ਹੈ ਕਿ) ਪਰਮਾਤਮਾ ਨੇ ਆਪ ਹੀ (ਆਪਣੇ ਆਪ ਤੋਂ) ਪੰਜ ਤੱਤਾਂ ਦਾ ਜਗਤ-ਖਿਲਾਰਾ ਖਿਲਾਰਿਆ ਹੋਇਆ ਹੈ, ਆਪ ਹੀ ਇਹਨਾਂ ਤੱਤਾਂ ਵਿਚ ਪੰਜ ਵਿਸ਼ੇ ਭਰੇ ਹੋਏ ਹਨ ।

ਜਨ ਨਾਨਕ ਸਤਿਗੁਰੁ ਮੇਲੇ ਆਪੇ ਹਰਿ ਆਪੇ ਝਗਰੁ ਚੁਕਾਵੈ ॥੨॥੩॥
jan naanak sathigur maelae aapae har aapae jhagar chukaavai |2|3|
O servant Nanak, the Lord Himself unites us with the True Guru; He Himself resolves the conflicts. ||2||3||
ਹੇ ਨਾਨਕ! (ਆਖ—ਹੇ ਭਾਈ) ਪਰਮਾਤਮਾ ਆਪ ਹੀ ਆਪਣੇ ਸੇਵਕ ਨੂੰ ਮਿਲਾਂਦਾ ਹੈ, ਤੇ, ਆਪ ਹੀ (ਉਸ ਦੇ ਅੰਦਰੋਂ ਹਰੇਕ ਕਿਸਮ ਦੀ) ਖਿੱਚੋਤਾਣ ਮੁਕਾਂਦਾ ਹੈ ।੨।੩।

Created By SikhiToTheMAX II